# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 01-06-2025**

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ, ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਕਿਸਾਨਾਂ ਨੂੰ ਕੀਮਤੀ ਜਾਣਕਾਰੀ ਪ੍ਰਦਾਨ ਕਰਨ ਵਾਲਾ ਇੱਕ ਜਨ ਅੰਦੋਲਨ ਏ। ਕਈ ਸੂਬਿਆਂ ਦੇ ਵਿਧਾਇਕਾਂ ਨਾਲ ਵਰਚੁਅਲ ਮਾਧਿਅਮ ਰਾਹੀਂ ਗੱਲਬਾਤ ਕਰਦਿਆਂ, ਸ਼੍ਰੀ ਚੌਹਾਨ ਨੇ ਕਿਹਾ ਕਿ ਇਸ ਮੁਹਿੰਮ ਤਹਿਤ ਕਿਸਾਨਾਂ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਅਤੇ ਉਨ੍ਹਾਂ ਦੇ ਸਵਾਲਾਂ ਦਾ ਹੱਲ ਕੀਤਾ ਜਾਵੇਗਾ।ਇਸਦਾ ਉਦੇਸ਼ ਲਾਗਤਾਂ ਨੂੰ ਘਟਾਉਣਾ, ਉਪਜ ਵਧਾਉਣਾ ਅਤੇ ਖੇਤੀ ਨੂੰ ਲਾਭਦਾਇਕ ਬਣਾਉਣਾ ਏ। ਸ਼੍ਰੀ ਚੌਹਾਨ ਨੇ ਕਿਹਾ ਕਿ 'ਇੱਕ ਰਾਸ਼ਟਰ, ਇੱਕ ਖੇਤੀਬਾੜੀ, ਇੱਕ ਟੀਮ' ਦਾ ਮੂਲ ਮੰਤਰ 2047 ਤੱਕ ਭਾਰਤ ਨੂੰ ਵਿਕਸਤ ਬਣਾਉਣ ਵਿੱਚ ਮਦਦਗਾਰ ਹੋਵੇਗਾ।BYTE

ਸ਼੍ਰੀ ਚੌਹਾਨ ਨੇ ਕਿਹਾ ਕਿ, ਹੁਣ ਤੱਕ 2 ਹਜ਼ਾਰ 170 ਟੀਮਾਂ, 7 ਹਜ਼ਾਰ ਤੋਂ

ਵੱਧ ਪਿੰਡਾਂ ਦਾ ਦੌਰਾ ਕਰ ਚੁੱਕੀਆਂ ਨੇ। ਲਗਭਗ 7 ਲੱਖ 95 ਹਜ਼ਾਰ ਕਿਸਾਨ ਮੁਹਿੰਮ ਵਿੱਚ ਸ਼ਾਮਲ ਹੋਏ ਨੇ।

---------------------------------------------------------------------------

ਇਸ ਦੌਰਾਨ ਕ੍ਰਿਸ਼ੀ ਵਿਗਿਆਨ ਕੇਂਦਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਵਿਕਸਿਤ 'ਕ੍ਰਿਸ਼ੀ ਸੰਕਲਪ ਅਭਿਆਨ' ਤਹਿਤ ਪਿੰਡ ਬੂੜਾ ਗੁੱਜਰ, ਬਰਕੰਦੀ, ਥਾਂਦੇਵਾਲਾ, ਮਿੱਡਾ, ਰੱਤਾਖੇੜਾ, ਵਿਰਕਖੇੜਾ, ਭਾਰੂ, ਗੁਰੂਸਰ ਤੇ ਲੁੰਡੇਵਾਲ ਵਿਖੇ ਵੱਖ-ਵੱਖ ਗਤੀਵਿਧੀਆਂ ਕੀਤੀਆਂ ਗਈਆਂ। ਸਮਾਗਮ ਦੌਰਾਨ ਕਿਸਾਨ ਵੀਰਾਂ ਅਤੇ ਕਿਸਾਨ ਬੀਬੀਆਂ ਨੇ ਵੱਡੀ ਗਿਣਤੀ ਵਿਚ ਸ਼ਿਰਕਤ ਕੀਤੀ। ਇਸ ਮੌਕੇ ਕਿਸਾਨਾਂ ਨਾਲ ਸਾਉਣੀ ਦੀਆਂ ਫਸਲਾਂ ਵਿੱਚ ਖਾਦ ਪ੍ਰਬੰਧਨ, ਨਰਮੇ ਦੀ ਫਸਲ ਵਿੱਚ ਚਿੱਟੀ ਮੱਖੀ ਅਤੇ ਗੁਲਾਬੀ ਸੁੰਡੀ ਤੋਂ ਬਚਾਅ, ਮਿੱਟੀ ਅਤੇ ਪਾਣੀ ਦੀ ਪਰਖ ਦੀ ਮਹੱਤਤਾ, ਪਾਣੀ ਦੀ ਯੋਗ ਵਰਤੋਂ, ਗਰਮੀਆਂ ਵਿੱਚ ਪਸ਼ੂਆਂ ਦੀ ਸਾਂਭ-ਸੰਭਾਲ ਅਤੇ ਘਰੇਲੂ ਬਗੀਚੀ ਲਾਉਣ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ। ਇਨ੍ਹਾਂ ਗਤੀਵਿਧੀਆਂ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਮਾਹਿਰਾਂ ਤੋਂ ਇਲਾਵਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਭੂਮੀ ਸੁਧਾਰ ਅਫ਼ਸਰ ਅਤੇ ਇਫਕੋ ਦੇ ਅਧਿਕਾਰੀ ਵੀ ਸ਼ਾਮਿਲ ਹੋਏ। ਬੀਤੇ ਦਿਨੀਂ ਬਠਿੰਡਾ ਵਿਖੇ ਵੀ ਅਜਿਹੇ ਪ੍ਰੋਗਰਾਮ ਕਰਵਾਏ ਗਏ।

---------------------------------------------------------------------------

ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਕੇਂਦਰੀ ਮੰਤਰੀ, ਡਾ. ਮਨਸੁਖ ਮਾਂਡਵਿਆ ਨੇ 8 ਅੰਤਰ-ਰਾਸ਼ਟਰੀ ਅਤੇ 23 ਰਾਸ਼ਟਰੀ ਪੱਧਰ ਦੇ ਖਿਡਾਰੀਆਂ ਸਮੇਤ 448 ਖਿਡਾਰੀਆਂ ਨੂੰ, 5 ਕਰੋੜ 67 ਲੱਖ ਰੁਪਏ ਦੀ ਪੁਰਸਕਾਰ ਰਕਮ ਤਕਸੀਮ ਕੀਤੀ। ਨਾਲ ਹੀ ਪੈਰਾ-ਐਥਲੀਟਾਂ ਨੂੰ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ ਵਿਸ਼ੇਸ਼ ਸਨਮਾਨ ਵੀ ਦਿੱਤਾ ਗਿਆ । ਡਾ. ਮੰਡਾਵੀਆ ਨੇ ਕੱਲ੍ਹ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ 'ਤੇ ਕੇਂਦਰ ਪ੍ਰਬੰਧਿਤ ਪ੍ਰਦੇਸ਼ ਚੰਡੀਗੜ੍ਹ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕਰਨ ਲਈ ਕਰਵਾਏ ਗਏ ਸਨਮਾਨ ਸਮਾਰੋਹ ਵਿੱਚ, ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ 320 ਖਿਡਾਰੀਆਂ ਨੂੰ, ਇੱਕ ਕਰੋੜ 32 ਲੱਖ ਰੁਪਏ ਦੇ ਵਜ਼ੀਫੇ ਵੀ ਔਨਲਾਈਨ ਟ੍ਰਾਂਸਫਰ ਕੀਤੇ। ਇਸ ਮੌਕੇ, ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਵੀ ਮੌਜੂਦ ਸਨ। ਇਹ ਸਮਾਰੋਹ ਚੰਡੀਗੜ੍ਹ ਖੇਡ ਵਿਭਾਗ ਵਲੋਂ ਕਰਵਾਇਆ ਗਿਆ ਸੀ। ਇਸ ਤੋਂ ਇਲਾਵਾ, ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ 'ਤੇ ਬੇਮਿਸਾਲ ਪ੍ਰਾਪਤੀਆਂ ਵਾਲੇ ਖਿਡਾਰੀਆਂ ਨੂੰ ਮੰਚ 'ਤੇ ਬੁਲਾਇਆ ਗਿਆ ਅਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਚੰਡੀਗੜ੍ਹ ਦੇ ਖੇਡ ਬੁਨਿਆਦੀ ਢਾਂਚੇ ਨੂੰ ਹੋਰ ਵਧਾਉਣ ਲਈ ਪੂਰੀ ਹਮਾਇਤ ਯਕੀਨੀ ਬਣਾਉਂਦੇ ਹੋਏ, ਡਾ. ਮੰਡਾਵੀਆ ਨੇ ਕਿਹਾ ਕਿ, ਇੱਥੇ ਇੱਕ ਮਲਟੀ-

ਪਲੈਕਸ ਖੇਡ ਬੁਨਿਆਦੀ ਢਾਂਚਾ ਵਿਕਸਤ ਕੀਤਾ ਜਾਵੇਗਾ ਜਿੱਥੇ ਇੱਕ ਏਕੀਕ੍ਰਿਤ ਕੰਪਲੈਕਸ ਦੇ ਅੰਦਰ ਕਈ ਵਿਸ਼ਿਆਂ ਦਾ ਅਭਿਆਸ ਕੀਤਾ ਜਾ ਸਕੇਗਾ। ਇਸ ਮੌਕੇ, ਚੰਡੀਗੜ੍ਹ ਮੈਰਾਥਨ 2025 ਲਈ ਲੋਗੋ ਅਤੇ ਟੈਗਲਾਈਨ ਵੀ ਜਾਰੀ ਕੀਤੀ ਗਈ।

---------------------------------------------------------------------

ਦੁਨੀਆ ਸਮੇਤ ਭਾਰਤ 5 ਜੂਨ ਨੂੰ ਵਿਸ਼ਵ ਵਾਤਾਵਰਣ ਦਿਵਸ ਮਨਾਉਣ ਦੀ ਤਿਆਰੀ ਕਰ ਰਿਹਾ ਏ l ਇਸ ਦੌਰਾਨ ਵਾਤਾਵਰਣ ਦੀ ਸਾਂਭ-ਸੰਭਾਲ ਅਤੇ ਨਿਰੰਤਰ ਰਹਿਣਯੋਗ ਵਿਕਾਸ ਨੂੰ ਅੱਗੇ ਵਧਾਉਣ ਵਿੱਚ ਸਕੂਲਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਮੁਖ ਰੱਖਦਿਆਂ, ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵੱਲੋਂ ਕੱਲ੍ਹ ਵੱਖ-ਵੱਖ ਗਤਿਵਿਧੀਆਂ ਕਰਵਾਈਆਂ ਗਈਆਂ। ਇਸ ਸਾਲ ਦੇ ਵਿਸ਼ੇ 'ਵਿਸ਼ਵ ਪੱਧਰ 'ਤੇ ਪਲਾਸਟਿਕ ਪ੍ਰਦੂਸ਼ਣ ਦਾ ਅੰਤ' ਤਹਿਤ ਕਰਵਾਈਆਂ ਗਈਆਂ, ਇਨਾਂ ਗਤੀਵਿਧੀਆਂ 'ਚ ਪੰਜਾਬ ਦੇ 19 ਹਜ਼ਾਰ ਤੋਂ ਵੱਧ ਸਕੂਲਾਂ ਨੇ ਹਿੱਸਾ ਲਿਆ। ਮੁੱਖ ਗਤੀਵਿਧੀਆਂ ਵਿੱਚ ਬੂਟੇ ਲਾਉਣ ਦੀ ਮੁਹਿੰਮ ਸ਼ਾਮਲ ਸੀ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਪਲਾਸਟਿਕ ਦੇ ਬੈਗ ਦੀ ਥਾਂ ਕਪੜੇ ਦੇ ਬੈਗ ਬਣਾਉਣ ਅਤੇ ਵਰਤਣ ਲਈ ਪ੍ਰੇਰਿਤ ਕਰਨ ਵਾਸਤੇ, ਕਪੜੇ ਦੇ ਬੈਗ ਬਣਾਉਣ ਦੀ ਸਿਖਲਾਈ ਵੀ ਦਿੱਤੀ ਗਈ। ਨਾਲ ਹੀ ਮਾਪਿਆਂ ਅਤੇ

ਵਿਦਿਆਰਥੀਆਂ ਵਿੱਚ ਜਾਗਰੂਕਤਾ ਫੈਲਾਉਣ ਲਈ, ਮਾਪੇ ਅਧਿਆਪਕ ਮਿਲਣੀ ਦੌਰਾਨ ਕਪੜੇ ਦੇ ਬੈਗ ਵੰਡੇ ਗਏ।

---------------------------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਮਾਪਿਆਂ-ਅਧਿਆਪਕਾਂ ਦਰਮਿਆਨ ਤਾਲਮੇਲ ਨੂੰ ਮਜ਼ਬੂਤ ਕਰ ਕੇ ਵਿਦਿਆਰਥੀਆਂ ਦੇ ਨਤੀਜਿਆਂ ਵਿੱਚ ਹੋਰ ਸੁਧਾਰ ਕਰਨ ਲਈ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਬੀਤੇ ਕੱਲ੍ਹ ਸੂਬੇ ਭਰ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਮੈਗਾ ਮਾਪੇ-ਅਧਿਆਪਕ ਮਿਲਣੀ (ਪੀ.ਟੀ.ਐਮ.) ਕਰਵਾਈ ਗਈ। ਗਰਮੀਆਂ ਦੀਆਂ ਛੁੱਟੀਆਂ ਸ਼ੁਰੂ ਹੋਣ ਤੋਂ ਪਹਿਲਾਂ ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਦੀ ਕਾਰਗੁਜ਼ਾਰੀ ਬਾਰੇ ਜਾਣੂ ਕਰਵਾਉਣ ਲਈ ਪਹਿਲੀ ਵਾਰ ਇਹ ਪੀ.ਟੀ.ਐਮ. ਕਰਵਾਈ ਗਈ ਏ। ਮੰਤਰੀ ਨੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਪਿੰਡਾ ਸਵਾਮੀਪੁਰ, ਬਿਭੌਰ ਸਾਹਿਬ, ਕਲਸੇੜਾ, ਰਾਮਪੁਰ ਸਾਹਨੀ, ਮੌਜੋਵਾਲ, ਛੋਟੇਵਾਲ, ਸੂਰੇਵਾਲ,

ਸੁਖਸਾਲ, ਕੁਲਗਰਾਂ ਸ਼ਾਮਲ ਦੇ ਸਰਕਾਰੀ ਸਕੂਲਾਂ ਦਾ ਦੌਰਾ ਕਰ ਕੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਸਿੱਖਿਆ ਮੰਤਰੀ ਨੇ ਕਿਹਾ ਕਿ 17 ਲੱਖ ਤੋਂ ਵੱਧ ਮਾਪਿਆਂ ਨੇ ਇਸ ਪੀਟੀਐਮ ਵਿੱਚ ਸ਼ਿਰਕਤ ਕੀਤੀ, ਜਿਸ ਦੌਰਾਨ ਉਨ੍ਹਾਂ ਵਿੱਚ ਆਪਣੇ

ਬੱਚਿਆਂ ਦੀ ਅਕਾਦਮਿਕ ਪ੍ਰਗਤੀ ਅਤੇ ਸਮੁੱਚੇ ਵਿਕਾਸ ਬਾਰੇ ਜਾਣਕਾਰੀ ਹਾਸਲ ਕਰਨ ਲਈ ਵੱਡਾ ਉਤਸ਼ਾਹ ਦੇਖਣ ਨੂੰ ਮਿਲਿਆ।

---------------------------------------------------------------------

IPL ਕ੍ਰਿਕੇਟ ਦੇ ਦੂਜੇ ਕੁਆਲੀਫਾਇਰ ਵਿੱਚ, ਅੱਜ ਅਹਿਮਦਾਬਾਦ 'ਚ, ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਪੰਜਾਬ ਕਿੰਗਜ਼ ਨਾਲ ਹੋਵੇਗਾ। ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ। ਮੈਚ ਦੀ ਜੇਤੂ ਟੀਮ ਮੰਗਲਵਾਰ ਨੂੰ ਅਹਿਮਦਾਬਾਦ ਵਿੱਚ ਹੋਣ ਵਾਲੇ ਫਾਈਨਲ ਵਿੱਚ, ਰਾਇਲ ਚੈਲੇਂਜਰਜ਼ ਬੈਂਗਲੁਰੂ ਖਿਲਾਫ ਖੇਡੇਗੀ। ਮੁੰਬਈ ਇੰਡੀਅਨਜ਼ ਨੇ ਹੁਣ ਤੱਕ ਪੰਜ ਵਾਰ ਖਿਤਾਬ ਜਿੱਤਿਆ ਏ ਜਦੋਂ ਕਿ ਪੰਜਾਬ ਕਿੰਗਜ਼ ਨੇ ਇੱਕ ਵਾਰ ਵੀ ਖਿਤਾਬ ਨਹੀਂ ਜਿੱਤਿਆ ਏ।